# ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।

(ਫੁਟਕਲ ਸ਼ਾਖਾ)

ਹੁਕਮ:

ਮੇਰੇ ਧਿਆਨ ਵਿੱਚ ਆਇਆ ਹੈ ਕਿ ਗਰਮੀ ਦਾ ਮੌਸਮ ਚੱਲ ਰਿਹਾ ਹੈ ਤੇ ਇਸ ਮੌਸਮ ਦੌਰਾਨ ਬੱਚੇ ਅਤੇ ਆਮ ਵਿਅਕਤੀ ਗਰਮੀ ਦੀ ਮਾਰ ਤੋਂ ਬਚਣ ਲਈ ਆਪਣੇ ਨੇੜੇ ਪੈਂਦੇ ਸਤਲੁਜ ਦਰਿਆ/ਦੂਸਰੀਆਂ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਨਹਾਉਣ/ਤੈਰਨ ਲਈ ਚਲੇ ਜਾਂਦੇ ਹਨ। ਸਤਲੁਜ ਦਰਿਆ/ਸਾਰੀਆਂ ਨਦੀਆਂ/ਨਹਿਰਾਂ ਅਤੇ ਸੂਇਆਂ ਵਿੱਚ ਪਾਣੀ ਅਚਾਨਕ ਵੱਧ ਜਾਂਦਾ ਹੈ ਜਾਂ ਕਈਆਂ ਨੂੰ ਡੂੰਘੇ ਹੋਣ ਦਾ ਗਿਆਨ ਨਹੀ ਹੁੰਦਾ। ਜਿਸ ਕਾਰਨ ਉਨ੍ਹਾਂ ਦਾ ਸੰਭਲਣਾ ਮੁਸ਼ਕਲ ਹੋ ਜਾਂਦਾ ਹੈ ਅਤੇ ਡੁੱਬ ਕੇ ਮੌਤ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਲਈ ਸਤਲੁਜ ਦਰਿਆ/ਦੂਸਰੀਆਂ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਨਹਾਉਣ ਤੇ ਪਾਬੰਦੀ ਲਗਾਉਣੀ ਜਰੂਰੀ ਸਮਝੀ ਜਾਂਦੀ ਹੈ।

ਇਸ ਲਈ ਮੈਂ, ਗੁਰਨੀਤ ਤੇਜ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਰੂਪਨਗਰ ਫੋਜਦਾਰੀ ਜਾਬਤਾ ਸੰਘਤਾ ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋ ਕਰਦੇ ਹੋਇਆ ਜਿਲ੍ਹਾ ਰੂਪਨਗਰ ਦੀ ਹਦੂਦ ਅੰਦਰ ਆਉਂਦੇ ਸਤਲੁਜ ਦਰਿਆ/ਹੋਰ ਸਾਰੀਆਂ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਬੱਚੇ ਅਤੇ ਆਮ ਵਿਅਕਤੀਆਂ ਦੇ ਨਹਾਉਣ ਤੇ ਪੂਰਨ ਪਾਬੰਦੀ ਲਗਾਉਂਦੀ ਹਾਂ।

ਇਹ ਹੁਕਮ ਮਿਤੀ 12-05-2018 ਤੋਂ 11-07-2018 ਤੱਕ ਲਾਗੂ ਰਹੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਤੇ ਜਾਰੀ ਕੀਤਾ ਜਾਂਦਾ ਹੈ। ਇਸ ਹੁਕਮ ਦਾ ਜਿਲ੍ਹਾ ਲੋਕ ਸੰਪਰਕ ਅਸਫਰ, ਰੂਪਨਗਰ ਦੀ ਪ੍ਰਚਾਰ ਵੈਨ ਅਤੇ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਹੋਵੇ। ਇਸ ਹੁਕਮ ਦੀਆਂ ਨਕਲਾਂ ਇਸ ਜਿਲ੍ਹੇ ਦੇ ਥਾਣਿਆ, ਨਗਰ ਪਾਲਿਕਾਂ, ਉਪ ਮੰਡਲ ਮੈਜਿਸਟਰੇਟਸ ਦੇ ਦਫਤਰਾਂ, ਤਹਿਸੀਲ ਦਫਤਰਾਂ, ਗਰਾਮ ਪੰਚਾਇਤਾਂ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਅਧੀਨ ਅੱਜ ਮਿਤੀ 02-05-2018 ਨੂੰ ਜਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ ਰੂਪਨਗਰ।

ਸਹੀ/-
ਜਿਲ੍ਹਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 11409-458 /ਫਸ ਮਿਤੀ 11/5/18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
3. ਕਮਿਸ਼ਨਰ, ਰੂਪਨਗਰ ਮੰਡਲ ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ, ਜਲੰਧਰ, ਕਪੂਰਥਲਾ, ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਜਿਲ੍ਹਾ ਤੇ ਸੈਸ਼ਨ ਜੱਜ, ਰੂਪਨਗਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਉਪ ਮੰਡਲ ਮੈਜਿਸਟਰੇਟ, ਰੂਪਨਗਰ/ਸ੍ਰੀ ਚਮਕੌਰ ਸਾਹਿਬ/ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
10. ਕਾਰਜਕਾਰੀ ਇੰਜੀਨੀਅਰ, ਸਰਹੰਦ ਕੈਨਾਲ, ਰੂਪਨਗਰ।
11. ਕਾਰਜਕਾਰੀ ਇੰਜੀਨੀਅਰ, ਡਰੇਨਜ, ਰੂਪਨਗਰ।
12. ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ।
13. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਰੂਪਨਗਰ/ ਸ੍ਰੀ ਚਮਕੋਰ ਸਾਹਿਬ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ ਨੰਗਲ।
14. ਕਾਰਜ ਸਾਧਕ ਅਫਸਰ,ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
15. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ (10 ਕਾਪੀਆਂ)
16. ਸਮੂਹ ਬੀ.ਡੀ.ਪੀ.ਓਜ਼, ਜਿਲ੍ਹਾ ਰੂਪਨਗਰ।
17. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ
18. D.I.O Rupnagar

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾ: ਜਿਲ੍ਹਾ ਮੈਜਿਸਟਰੇਟ,
ਰੂਪਨਗਰ।